ਪੰਜਾਬੀ ਬੋਲੋ, ਪੰਜਾਬੀ ਪੜ੍ਹੋ, ਪੰਜਾਬੀ ਲਿਖੋ

**ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਬਠਿੰਡਾ**


ਕਮਰਾ ਨੰ. 225 ਬੀ-227 ਬੀ, ਪਹਿਲੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਠਿੰਡਾ 151001

ਈ-ਮੇਲ dlobti.pblanguages@gmail.com


ਵੱਲ,

ਸਮੂਹ ਸਰਕਾਰੀ ਦਫ਼ਤਰਾਂ/ ਵਿਭਾਗਾਂ/ਅਦਾਰਿਆਂ/ਸੰਸਥਾਵਾਂ/ਵਿੱਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ ਅਤੇ ਗੈਰ-ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਦੇ ਮੁਖੀ,

ਜ਼ਿਲ੍ਹਾ ਬਠਿੰਡਾ।

ਪੱਤਰ ਨੰ. ਪੰ.ਪ੍ਰਚਾ.(ਸਰਕੂਲਰ)-2024/14 ਮਿਤੀ, ਬਠਿੰਡਾ/ 15/01/2024

**ਵਿਸ਼ਾ- ਪੰਜਾਬ ਰਾਜ ਦੇ ਸਮੂਹ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ ਵਿੱਦਿਅਕ ਅਦਾਰਿਆਂ/ ਬੋਰਡਾਂ/ ਨਿਗਮਾਂ ਅਤੇ ਗੈਰ-ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ ਸਾਇਨ ਬੋਰਡ ਪੰਜਾਬੀ ਭਾਸ਼ਾ ਵਿਚ ਲਿਖੇ ਜਾਣ ਸੰਬੰਧੀ।**

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ 'ਤੇ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ ਜੀ ਦੇ ਪੱਤਰ ਨੰ. ਪੰ.ਪ੍ਰਚਾ.(ਸਰਕੂਲਰ)-2024/982-1006 ਮਿਤੀ, ਪਟਿਆਲਾ/11.01.2024 ਅਤੇ ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ (ਸਿੱਖਿਆ ਸੈੱਲ) ਜੀ ਦੇ ਪੱਤਰ ਨੰ. 743460/202 ਮਿਤੀ, ਚੰਡੀਗੜ੍ਹ 15.12.2023 ਰਾਹੀਂ ਕਿਰਤ ਵਿਭਾਗ ਦੇ ਐਕਟ ਪੰਜਾਬ ਰਾਜ ਦੁਕਾਨਾਂ ਅਤੇ ਵਪਾਰਕ ਸਥਾਪਨਾ (ਪਹਿਲੀ ਤਰਮੀਮ) ਨਿਯਮ-2023 ਦੀ ਕਾਪੀ ਇਸ ਪੱਤਰ ਨਾਲ ਨੱਥੀ ਕਰਕੇ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਬਠਿੰਡਾ ਦੇ ਸਮੂਹ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ਵਿੱਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ ਅਤੇ ਗੈਰ-ਸਰਕਾਰੀ ਸੰਸਥਾਵਾਂ /ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ ਸਾਇਨ ਬੋਰਡ ਪੰਜਾਬੀ ਭਾਸ਼ਾ ਵਿਚ ਲਿਖਣੇ ਲਾਜ਼ਮੀ ਹਨ। ਜੇਕਰ ਕਿਸੇ ਹੋਰ ਭਾਸ਼ਾ ਵਿਚ ਲਿਖਣਾ ਹੋਵੇ ਤਾਂ ਸਭ ਤੋਂ ਪਹਿਲਾਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿਪੀ) ਵਿਚ ਲਿਖਿਆ ਜਾਵੇ ਅਤੇ ਹੋਰਨਾਂ ਭਾਸ਼ਾਵਾਂ ਵਿੱਚ ਉਸ ਤੋਂ ਹੇਠਾਂ ਲਿਖਿਆ ਜਾਵੇ। ਸਰਕਾਰ ਦੀਆਂ ਹਦਾਇਤਾਂ ਦੀ ਪਹਿਲੀ ਉਲੰਘਣਾ ਕਰਨ 'ਤੇ 1000/- ਰੁਪਏ ਅਤੇ ਦੂਜੀ ਉਲੰਘਣਾ ਕਰਨ 'ਤੇ 2000/- ਰੁਪਏ ਜੁਰਮਾਨੇ ਦੀ ਵੀ ਵਿਵਸਥਾ ਸਰਕਾਰ ਵੱਲੋਂ ਕੀਤੀ ਗਈ ਹੈ। ਆਪ ਦੇ ਅਧੀਨ ਆਉਂਦੇ ਸਰਕਾਰੀ/ਗੈਰ-ਸਰਕਾਰੀ ਅਤੇ ਨਿਜੀ ਦਫ਼ਤਰ/ਵਿਭਾਗ/ਅਦਾਰੇ/ਸੰਸਥਾ ਆਦਿ ਨੂੰ ਸੂਚਿਤ ਕਰਦੇ ਹੋਏ ਸਰਕਾਰ ਦੀਆਂ ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਮੁਨਿਆਦੀ ਕਰਵਾ ਕੇ ਅਤੇ ਨਿੱਜੀ ਰਾਬਤਾ ਬਣਾ ਕੇ ਆਪਣੇ ਅਧੀਨ ਆਉਂਦੇ ਸਰਕਾਰੀ/ਅਰਧ ਸਰਕਾਰੀ ਅਦਾਰਿਆਂ/ਨਿੱਜੀ ਅਦਾਰਿਆਂ/ਦੁਕਾਨਦਾਰਾਂ ਆਦਿ ਨੂੰ ਉਕਤ ਐਕਟ ਬਾਰੇ ਜਾਣੂ ਕਰਵਾਇਆ ਜਾਵੇ ਜੀ।

ਜ਼ਿਲ੍ਹਾ ਭਾਸ਼ਾ ਅਫ਼ਸਰ
ਬਠਿੰਡਾ

ਪਿੱਠ ਅੰਕਣ ਨੰ. ਪੰ. ਪ੍ਰਚਾ. (2024)/ ਮਿਤੀ,ਬਠਿੰਡਾ/

ਉਤਾਰਾ:- ਮਾਨਯੋਗ ਡਿਪਟੀ ਕਮਿਸ਼ਨਰ, ਬਠਿੰਡਾ ਨੂੰ ਸੂਚਨਾ ਹਿਤ ਭੇਜਿਆ ਜਾ ਰਿਹਾ ਹੈ ਜੀ।

ਸਹੀ/-
ਜ਼ਿਲ੍ਹਾ ਭਾਸ਼ਾ ਅਫ਼ਸਰ
ਬਠਿੰਡਾ

E:\ਚਿੱਠੀ ਪੱਤਰ ਬਠਿੰਡਾ.docx


Scanned with CamScanner

Scanned with OKEN Scanner

ਦਫ਼ਤਰ;ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ, ਪਟਿਆਲਾ

(ਪ੍ਰਚਾਲਣ ਸ਼ਾਖਾ)

ਵੱਲ

ਸਹਾਇਕ ਡਾਇਰੈਕਟਰ (ਹਿੰਦੀ/ਪੰਜਾਬੀ ਸੈੱਲ) ਚੰਡੀਗੜ੍ਹ।

ਜ਼ਿਲ੍ਹਾ ਭਾਸ਼ਾ ਅਫਸਰ/ਖੋਜ ਅਫ਼ਸਰ

-------------

ਨੰ.ਪੰ.ਪ੍ਰਚਾ.(ਸਰਕੂਲਰ)-2024/ 982-1006

ਮਿਤੀ, ਪਟਿਆਲਾ/ 11/01/2024

ਵਿਸ਼ਾ:- ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ਵਿਦਿਅਕ ਅਦਾਰਿਆਂ/ਬੋਰਡਾਂ/ ਨਿਗਮਾਂ/ ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਲਿਖਣ ਸਮੇਂ ਸਮੇਂ ਸਭ ਤੋਂ ਪਹਿਲਾਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿਪੀ) ਵਿਚ ਲਿਖੇ ਜਾਣ।

ਉਪਰੋਕਤ ਵਿਸ਼ੇ ਤੇ ਸਰਕਾਰ ਦੇ ਪੱਤਰ ਨੰ.743460/202, ਮਿਤੀ 15.12.2023 ਰਾਹੀਂ ਵਿਭਾਗ ਨੂੰ ਲਿਖਿਆ ਗਿਆ ਹੈ ਕਿ ਵਿਸ਼ਾ ਦਰਜ ਮਾਮਲੇ ਸਬੰਧੀ ਆਮ ਜਨਤਾ ਨੂੰ ਜਾਣੂ ਕਰਵਾਉਣ ਲਈ ਮੁਹਿੰਮ ਚਲਾਈ ਜਾਵੇ। ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਪ੍ਰਸ਼ਾਸ਼ਨ ਦੀ ਮੱਦਦ ਨਾਲ ਆਪਣੇ-ਆਪਣੇ ਜ਼ਿਲ੍ਹੇ ਦੇ ਕਾਰਜ ਸਾਧਕ ਅਫ਼ਸਰ ਸਮੂਹ ਨਗਰ ਕੌਸਲਾਂ, ਵਪਾਰਕ ਮੰਡਲ ਦੇ ਪ੍ਰਧਾਨਾਂ, ਬੈਂਕਾਂ ਦੇ ਮੈਨੇਜਰਾਂ, ਮਾਰਕਿਟ ਕਮੇਟੀ, ਪ੍ਰਾਈਵੇਟ ਸਕੂਲਾਂ ਅਤੇ ਨਗਰ ਪੰਚਾਇਤਾਂ ਆਦਿ ਨਾਲ ਮੀਟਿੰਗਾਂ ਕਰਕੇ ਮੁਨਾਦੀਆਂ ਰਾਹੀਂ ਦੁਕਾਨਦਾਰਾਂ ਨੂੰ ਬੋਰਡ ਪੰਜਾਬੀ ਵਿਚ ਲਗਾਉਣ ਲਈ ਹਦਾਇਤ ਕੀਤੀ ਜਾਵੇ। ਮੁਨਿਆਦੀ ਰਾਹੀਂ ਦੁਕਾਨਦਾਰਾਂ ਨੂੰ ਸਰਕਾਰ ਦੇ ਹੁਕਮ ਮਿਤੀ 05.12.2022 ਤੋਂ ਜਾਣੂ ਕਰਵਾਉਂਦੇ ਹੋਏ ਇਹ ਹਦਾਇਤ ਕੀਤੀ ਜਾਵੇ ਕਿ ਪੰਜਾਬ ਰਾਜ ਵਿਚ ਸਮੂਹ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ਵਿਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ/ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਲਿਖਣ ਸਮੇਂ ਸਭ ਤੋਂ ਪਹਿਲਾਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿਪੀ) ਵਿਚ ਲਿਖੇ ਜਾਣ ਅਤੇ ਜੇਕਰ ਕਿਸੇ ਹੋਰ ਭਾਸ਼ਾ ਵਿਚ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ ਤੋਂ ਹੇਠਾਂ ਦੂਸਰੀ ਭਾਸ਼ਾ ਵਿਚ ਲਿਖਿਆ ਜਾਵੇ (ਕਾਪੀ ਨੱਥੀ ਹੈ)।

ਇਸ ਤੋਂ ਇਲਾਵਾ ਮੁਨਿਆਦੀ ਰਾਹੀਂ ਇਹ ਵੀ ਸੂਚਿਤ ਕੀਤਾ ਜਾਵੇ ਕਿ ਕਿਰਤ ਵਿਭਾਗ ਦੇ ਐਕਟ ਪੰਜਾਬ ਰਾਜ ਦੁਕਾਨਾਂ ਅਤੇ ਵਪਾਰਕ ਸਥਾਪਨਾ (ਪਹਿਲੀ ਤਰਮੀਮ) ਨਿਯਮ-2023 ਅਨੁਸਾਰ ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀ/ਅਦਾਰੇ ਨੂੰ ਪਹਿਲੀ ਉਲੰਘਣਾ ਕਰਨ ਤੇ 1000/-ਰੁਪਏ ਅਤੇ ਜੇਕਰ ਫਿਰ ਵੀ ਇਨ੍ਹਾਂ ਹਦਾਇਤਾਂ ਦੀ ਪਾਲਣਾ ਨਹੀਂ ਕੀਤੀ ਜਾਂਦੀ ਹੈ ਤਾਂ ਦੂਜੀ ਉਲੰਘਣਾ ਕਰਨ ਤੇ 2000/-ਰੁਪਏ ਜੁਰਮਾਨਾ ਕੀਤਾ ਜਾਵੇਗਾ (ਐਕਟ ਦੀ ਅੰਗਰੇਜ਼ੀ ਤੋਂ ਪੰਜਾਬੀ ਵਿਚ ਅਨੁਵਾਦ ਕੀਤੀ ਕਾਪੀ ਨੱਥੀ ਹੈ)।

ਉਕਤ ਸਬੰਧੀ ਕੀਤੀ ਗਈ ਕਾਰਵਾਈ ਦੀ ਰਿਪੋਟ ਇਕ ਹਫ਼ਤੇ ਦੇ ਅੰਦਰ ਵਿਭਾਗ ਨੂੰ ਭੇਜਣੀ ਯਕੀਨੀ ਬਣਾਈ ਜਾਵੇ।

ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ

ਪਿੱਠ ਅੰਕਣ ਨੰ.ਪੰ.ਪ੍ਰਚਾ.(152-5)-2024/ ਮਿਤੀ, ਪਟਿਆਲਾ/

ਉਤਾਰਾ:- ਸਕੱਤਰ, ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ (ਸਿੱਖਿਆ ਸੈੱਲ) ਚੰਡੀਗੜ੍ਹ ਨੂੰ ਪੱਤਰ ਨੰ. HED-EDUC06/3/2020-2EDUCELL/1/743460/202, ਮਿਤੀ 15.12.2023 ਦੇ ਹਵਾਲੇ ਵਿਚ ਸੂਚਨਾ ਹਿਤ ਭੇਜਿਆ ਜਾਂਦਾ ਹੈ ਜੀ।

ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ

Scanned with OKEN Scanner

"23. **ਨਾਮ ਬੋਰਡ ਲਗਾਉਣਾ-** ਸਾਰੇ ਅਦਾਰਿਆਂ ਦੇ ਨਾਮ ਬੋਰਡ ਪੰਜਾਬੀ ਗੁਰਮੁਖੀ ਲਿੱਪੀ ਵਿਚ ਹੋਣਗੇ ਅਤੇ ਜਿੱਥੇ ਹੋਰ ਭਾਸ਼ਾਵਾਂ ਦੀ ਵਰਤੋਂ ਵੀ ਕੀਤੀ ਗਈ ਹੈ, ਅਜਿਹੀਆਂ ਹੋਰ ਭਾਸ਼ਾਵਾਂ ਪੰਜਾਬੀ ਭਾਸ਼ਾ ਦੇ ਹੇਠਾਂ ਹੋਣਗੀਆਂ। ਪੰਜਾਬੀ ਭਾਸ਼ਾ ਵਿੱਚ ਨਾਮ ਬੋਰਡ ਨੂੰ ਹੋਰ ਭਾਸ਼ਾਵਾਂ (ਜੇਕਰ ਹੋਣ) ਨਾਲੋਂ ਵਧੇਰੇ ਥਾਂ ਦੇ ਕੇ ਮੁੱਖ ਤੌਰ 'ਤੇ ਲਿਖਿਆ ਜਾਵੇਗਾ। ਜਿਨ੍ਹਾਂ ਅਦਾਰਿਆਂ ਨੇ ਅਜਿਹਾ ਨਹੀਂ ਕੀਤਾ ਹੈ, ਉਨ੍ਹਾਂ ਨੂੰ ਪੰਜਾਬ ਸ਼ਾਪਜ਼ ਐਂਡ ਕਮਰਸ਼ੀਅਲ ਐਸਟੈਬਲਿਸ਼ਮੈਂਟਸ (ਪਹਿਲੀ ਸੋਧ) ਰੂਲਜ਼, 2023 ਦੇ ਲਾਗੂ ਹੋਣ ਦੀ ਮਿਤੀ ਤੋਂ ਛੇ ਮਹੀਨਿਆਂ ਦੇ ਅੰਦਰ ਅਜਿਹਾ ਕਰਨਾ ਹੋਵੇਗਾ।

24. **ਉਲੰਘਣਾ ਲਈ ਜੁਰਮਾਨਾ-** ਜੋ ਕੋਈ ਵੀ ਨਿਯਮ 23 ਦੇ ਉਪਬੰਧਾਂ ਦੀ ਉਲੰਘਣਾ ਕਰਦਾ ਹੈ, ਉਸ ਨੂੰ ਪਹਿਲੇ ਅਪਰਾਧ ਲਈ ਇੱਕ ਹਜ਼ਾਰ ਰੁਪਏ ਅਤੇ ਇਸ ਤੋਂ ਬਾਅਦ ਦੇ ਹਰੇਕ ਅਪਰਾਧ ਲਈ ਦੋ ਹਜ਼ਾਰ ਰੁਪਏ ਤੱਕ ਜੁਰਮਾਨਾ ਕੀਤਾ ਜਾਵੇਗਾ।"

**ਮਨਵੇਸ਼ ਸਿੰਘ ਸਿੱਧੂ,**
ਸਕੱਤਰ, ਪੰਜਾਬ ਸਰਕਾਰ,
ਕਿਰਤ ਵਿਭਾਗ।

ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ-ਸਿ) ਬਠਿੰਡਾ

ਪਿੱਠ ਅੰਕਣ ਨੰ ਸਸ1 ( )/2024/5074 ਮਿਤੀ 16/01/2024

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਸਮੂਹ ਸਕੂਲ ਮੁਖੀਆਂ ਨੂੰ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

16/01/24

ਜ਼ਿਲ੍ਹਾ ਸਿੱਖਿਆ ਅਫਸਰ (ਸੈ-ਸਿ)
ਬਠਿੰਡਾ

Scanned with OKEN Scanner